# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-03-2024**

- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ ਲੋਕਸਭਾ ਚੋਣਾਂ ਵਿਚ ਇਕੱਲਿਆਂ ਹੀ ਨਿਤਰਨ ਦਾ ਕੀਤਾ ਐਲਾਨ।
- ਲੁਧਿਆਣਾ ਤੋਂ ਕਾਂਗਰਸ ਸਾਂਸਦ ਰਵਨੀਤ ਸਿੰਘ ਬਿੱਟੂ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ।
- ਪੰਜਾਬ ਦੇ ਮੁੱਖ ਚੋਣ ਦਫ਼ਤਰ ਨੇ ਚੋਣ ਪ੍ਰਕਿਰਿਆ ਹੋਰ ਕੁਸ਼ਲ ਤੇ ਪਾਰਦਰਸ਼ੀ ਬਣਾਉਣ ਲਈ ਸਾਰੇ 24,433 ਪੋਲਿੰਗ ਸਟੇਸ਼ਨਾਂ ’ਤੇ ਵੈਬਕਾਸਟਿੰਗ ਸਮੇਤ ਆਈ.ਟੀ. ਆਧਾਰਤ ਕਈ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ।
- ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੀ ਰਵਾਇਤਾਂ ਅਨੁਸਾਰ ਸਮਾਪਤੀ, ਗੁਰਦੁਆਰਾ ਗੁਰੂ ਕਾ ਬਾਗ ਤੋਂ ਰਵਾਇਤਨ ਮਹੱਲਾ ਸਜਾਇਆ ਗਿਆ।

---------------------------------------------------------

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਏ ਕਿ ਪਾਰਟੀ ਆਉਂਦੀਆਂ ਲੋਕਸਭਾ ਚੋਣਾਂ ਇਕੱਲਿਆਂ ਹੀ ਲੜੇਗੀ। ਅੱਜ ਇਕ ਵੀਡੀਓ ਪੋਸਟ ਰਾਹੀਂ ਉਨਾਂ ਇਹ ਜਾਣਕਾਰੀ ਦਿੱਤੀ ।

***ਵੇਰਵੇ ਨਾਲ ਇਹ ਰਿਪੋਰਟ:***

***ਡਿਸਪੈਚ: ਪੰਜਾਬ ਭਾਜਪਾ ਨੇ ਸਾਰੀਆਂ ਕਿਆਸ ਅਰਾਈਆਂ ਨੂੰ ਖਤਮ ਕਰਦਿਆਂ ਇਕੱਲਿਆਂ ਹੀ ਚੋਣ ਮੈਦਾਨ ਵਿਚ ਨਿਤਰਨ ਦਾ ਐਲਾਨ ਕਰ ਦਿੱਤਾ ਏ। ਪਾਰਟੀ ਪ੍ਰਧਾਨ ਸੁਨੀਲ ਜਾਖੜ ਅਨੁਸਾਰ ਸਾਰੀਆਂ ਦੀ ਰਾਏ ਮੁਤਾਬਕ ਇਹ ਫੈਸਲਾ ਲਿਆ ਗਿਆ ਏ।Byteਆਪਣੇ ਕਰੀਬ ਡੇਢ ਮਿੰਟ ਦੇ ਸੁਨੇਹੇ ਵਿਚ ਸੁਨੀਲ ਜਾਖੜ ਨੇ ਕੇਂਦਰ ਸਰਕਾਰ ਵਲੋਂ ਪੰਜਾਬ ਤੇ ਪੰਜਾਬੀਆਂ ਖਾਸ ਤੌਰ ਤੇ ਕਿਸਾਨਾਂ ਦੇ ਹਿੱਤ ਵਿਚ ਲਾਏ ਗਏ ਕਈ ਫੈਸਲਿਆਂ ਦਾ ਜਿਕਰ ਕੀਤਾ। ਏਧਰ ਪਾਰਟੀ ਦੇ ਸਾਬਕਾ ਪ੍ਰਧਾਨ ਅਸ਼ਵਨੀ ਸ਼ਰਮਾ ਨੇ ਫੈਸਲੇ ਦੇ ਸ਼ਲਾਘਾ ਕਰਦਿਆਂ ਕਿਹਾ ਕਿ ਪਾਰਟੀ ਅਕਾਲੀ ਦਲ ਨਾਲ ਸਮਝੌਤਾ ਕਰਨਾ ਹੀ ਨਹੀਂ ਚਾਹੁੰਦੀ ਸੀ।ਭਾਜਪਾ ਦੇ ਇਸ ਫੈਸਲੇ ਨੇ ਸਿਆਸੀ ਖੇਤਰਾਂ***

*ਨੂੰ ਵੀ ਹੈਰਾਨ ਕੀਤਾ ਏ ਕਿਉਂਕਿ ਦੋਵਾਂ ਵਿਚਾਲੇ ਗਠਜੋੜ ਦੀਆਂ ਗੱਲਾਂ ਪਿਛਲੇ ਕੁਝ ਦਿਨਾਂ ਤੋਂ ਸੁਰਖੀਆਂ ਵਿਚ ਸਨ। ਇਸ ਐਲਾਨ ਨਾਲ ਪਾਰਟੀ ਨੇ ਸ਼ਿਰੋਮਣੀ ਅਕਾਲੀ ਦਲ ਨੂੰ ਵੀ ਇਕ ਜ਼ੋਰ ਦਾ ਝਟਕਾ ਦਿੱਤਾ ਏ। ਇਸਦੇ ਨਾਲ ਹੀ ਚੋਣਾਂ ਦੀ ਤਸਵੀਰ ਹੁਣ ਤਕਰੀਬਨ ਸਾਫ ਹੋ ਗਈ ਏ ਅਤੇ ਸੂਬੇ ਦੇ ਹਰ ਲੋਕਸਭਾ ਹਲਕੇ ਵਿਚ ਰੋਚਕ ਬਹੁਕੋਨੀ ਮੁਕਾਬਲੇ ਵੇਖਣ ਨੂੰ ਮਿਲਣਗੇ। ਬਿਸ਼ੰਭਰ ਬਿੱਟੂ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

--------------------------------------------------------

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਏ ਕਿ ਸ਼੍ਰੋਮਣੀ ਅਕਾਲੀ ਦਲ ਕੋਈ ਆਮ ਸਿਆਸੀ ਪਾਰਟੀ ਨਹੀਂ ਏ, ਇਹ ਸਿਧਾਂਤਾਂ ਵਾਲੀ ਪਾਰਟੀ ਏ। ਅੰਮ੍ਰਿਤਸਰ ਵਿਖੇ ਉਨ੍ਹਾਂ ਕਿਹਾ ਕਿ ਸਾਡੇ ਲਈ ਨੰਬਰ ਗੇਮ ਨਾਲੋਂ ਸਿਧਾਂਤ ਜ਼ਿਆਦਾ ਅਹਿਮ ਨੇ। ਉਨ੍ਹਾਂ ਕਿਹਾ ਕਿ ਅਕਾਲੀ ਦਲ ਨੇ ਸਰਕਾਰ ਬਣਾਉਣ ਲਈ ਪਾਰਟੀ ਨਹੀਂ ਬਣਾਈ ਸਗੋਂ ਕੌਮ ਦੀ ਰਾਖੀ, ਪੰਜਾਬ ਦੀ ਰਾਖੀ ਅਤੇ ਪੰਜਾਬ ਵਿਚ ਅਮਨ-ਸ਼ਾਂਤੀ ਤੇ ਭਾਈਚਾਰਕ ਸਾਂਝ ਬਣਾਈ ਰੱਖਣਾ ਉਨ੍ਹਾਂ ਦੀ ਜ਼ਿੰਮੇਵਾਰੀ ਏ। ਸੁਖਬੀਰ

ਸਿੰਘ ਬਾਦਲ ਨੇ ਕਿਹਾ ਕਿ ਦਿੱਲੀ ਦੀਆਂ ਕੌਮੀ ਪਾਰਟੀਆਂ ਸਿਰਫ਼ ਵੋਟ ਦੀ ਸਿਆਸਤ ਕਰਦੀਆਂ ਨੇ ਜਦਕਿ ਅਕਾਲੀ ਦਲ ਵੋਟ ਦੀ ਸਿਆਸਤ ਨਹੀਂ ਕਰਦਾ ਏ।

---------------------------------------------------

ਲੁਧਿਆਣਾ ਤੋਂ ਕਾਂਗਰਸ ਪਾਰਟੀ ਦੇ ਨੌਜਵਾਨ ਸਾਂਸਦ ਰਵਨੀਤ ਸਿੰਘ ਬਿੱਟੂ ਅੱਜ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ ਹੋ ਗਏ। ਨਵੀਂ ਦਿੱਲੀ ਵਿਖੇ ਭਾਜਪਾ ਹੈੱਡਕੁਆਰਟਰ ਤੇ ਪਾਰਟੀ ਦੇ ਕੌਮੀ ਜਨਰਲ ਸਕੱਤਰ ਵਿਨੋਦ ਤਾਵਰੇ ਨੇ ਉਨ੍ਹਾਂ ਨੂੰ ਮੈਂਬਰਸ਼ਿਪ ਦੀ ਪਰਚੀ ਦਿੱਤੀ ਅਤੇ ਗਲੇ ਵਿਚ ਭਗਵਾ ਪਟਕਾ ਪਹਿਨਾਇਆ। ਇਸ ਦੌਰਾਨ ਪੰਜਾਬ ਭਾਜਪਾ ਦੇ ਕਈ ਆਗੂ ਮੌਜੂਦ ਰਹੇ। ਚੋਣਾਂ ਵੇਲੇ ਰਵਨੀਤ ਸਿੰਘ ਬਿੱਟੂ ਦੇ ਪਾਰਟੀ ਛੱਡਣ ਨਾਲ ਸੂਬੇ ਵਿਚ ਕਾਂਗਰਸ ਪਾਰਟੀ ਨੂੰ ਇਕ ਵੱਡਾ ਝਟਕਾ ਲੱਗਿਆ ਏ। ਕਾਂਗਰਸ ਦੇ ਸੀਨੀਅਰ ਆਗੂ ਰਾਹੁਲ ਗਾਂਧੀ ਦੇ ਕਰੀਬੀ ਰਵਨੀਤ ਸਿੰਘ ਬਿੱਟੂ ਨੂੰ ਪੰਜਾਬ ਵਿਚ ਕਾਂਗਰਸ ਪਾਰਟੀ ਦਾ ਇਕ ਪ੍ਰਭਾਵਸ਼ਾਲੀ ਆਗੂ ਮੰਨਿਆ ਜਾਂਦਾ ਏ। ਉਹ ਸਾਬਕਾ ਮੁੱਖਮੰਤਰੀ ਬੇਅੰਤ ਸਿੰਘ ਦੇ ਪੋਤੇ ਨੇ।

-----------------------------------------------------------

ਚੋਣ ਕਮਿਸ਼ਨ ਨੇ ਸੂਬਿਆਂ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਪੱਤਰ ਲਿਖ ਕੇ ਆਉਣ ਵਾਲੀਆਂ ਲੋਕ ਸਭਾ ਚੋਣਾਂ ਦੌਰਾਨ ਗਰਮੀ ਅਤੇ ਹੀਟਵੇਵ ਤੋਂ ਬਚਾਅ ਲਈ ਢੁਕਵੇਂ ਉਪਾਅ ਕਰਨ ਦੇ ਨਿਰਦੇਸ਼ ਦਿੱਤੇ ਨੇ। ਪੱਤਰ ਵਿੱਚ ਇਸ ਬਾਰੇ ਸਲਾਹ ਦਿੱਤੀ ਗਈ ਏ ਕਿ - ਕੀ ਕਰਨਾ ਚਾਹੀਦਾ ਏ ਅਤੇ ਕੀ ਨਹੀਂ। ਕਮਿਸ਼ਨ ਦਾ ਕਹਿਣਾ ਏ ਕਿ ਮੌਸਮ ਵਿਭਾਗ ਨੇ ਇਸ ਵਾਰ ਤਾਪਮਾਨ ਆਮ ਨਾਲੋਂ ਵੱਧ ਰਹਿਣ ਦੀ ਸੰਭਾਵਨਾ ਜਤਾਈ ਏ। ਇਸ ਕਾਰਨ ਮਾਰਚ ਅਤੇ ਜੂਨ ਦੌਰਾਨ ਹੀਟ ਵੇਵ ਵਾਲੇ ਹਾਲਾਤ ਰਹਿਣਗੇ। ਨੈਸ਼ਨਲ ਡਿਜ਼ਾਸਟਰ ਮੈਨੇਜਮੈਂਟ ਅਥਾਰਟੀ ਵਲੋਂ ਹੀਟਵੇਵ ਦੇ ਪ੍ਰਭਾਵ ਨੂੰ ਘਟਾਉਣ ਸੰਬੰਧੀ ਜਾਰੀ ਜਾਣਕਾਰੀ ਪੱਤਰ ਨਾਲ ਨੱਥੀ ਕੀਤੀ ਗਈ ਏ।

-----------------------------------------------------------

ਲੋਕ ਸਭਾ ਚੋਣਾਂ 2024 ਵਿੱਚ ਚੋਣ ਪ੍ਰਕਿਰਿਆ ਹੋਰ ਕੁਸ਼ਲ ਅਤੇ ਪਾਰਦਰਸ਼ੀ ਬਣਾਉਣ ਦੇ ਮੱਦੇਨਜ਼ਰ ਪੰਜਾਬ ਦੇ ਮੁੱਖ ਚੋਣ ਦਫ਼ਤਰ ਵੱਲੋਂ ਸੂਬੇ ਦੇ ਸਾਰੇ 24,433 ਪੋਲਿੰਗ ਸਟੇਸ਼ਨਾਂ ’ਤੇ ਵੈਬਕਾਸਟਿੰਗ ਸਮੇਤ

ਆਈ.ਟੀ.ਆਧਾਰਤ ਕਈ ਹੋਰ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਗਈਆਂ ਨੇ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਇਨ੍ਹਾਂ ਨਵੀਆਂ ਪਹਿਲਕਦਮੀਆਂ ਵਿੱਚ ਵੋਟਰਾਂ ਦੀ ਸਹੂਲਤ ਲਈ ਕਈ ਮੋਬਾਈਲ ਐਪਸ ਅਤੇ ਵੈੱਬਸਾਈਟਾਂ ਦੀ ਸ਼ੁਰੂਆਤ, ਵੋਟਰਾਂ ਨੂੰ ਫ਼ੋਨ ਰਾਹੀਂ ਚੋਣ ਉਲੰਘਣਾਵਾਂ ਸਬੰਧੀ ਰਿਪੋਰਟ ਕਰਨ ਦੀ ਸਹੂਲਤ ਅਤੇ ਪੋਲਿੰਗ ਸਟੇਸ਼ਨਾਂ 'ਤੇ ਸੀਸੀਟੀਵੀ ਕੈਮਰੇ ਲਗਾ ਕੇ ਈ.ਵੀ.ਐਮਜ਼. ਦੇ ਲਿਆਉਣ-ਲਿਜਾਣ ਦੀ ਨਿਗਰਾਨੀ ਕਰਨਾ ਸ਼ਾਮਲ ਏ। ਇਸ ਤੋਂ ਇਲਾਵਾ ਸਾਰੇ 13 ਹਲਕਿਆਂ ਜਿੱਥੇ ਤਿੰਨ ਜਾਂ ਇਸ ਤੋਂ ਵੱਧ ਪੋਲਿੰਗ ਸਟੇਸ਼ਨ ਨੇ, ਦੇ 1884 ਪੋਲਿੰਗ ਸਟੇਸ਼ਨਾਂ ਦੇ ਬਾਹਰ ਵੀ ਕੈਮਰੇ ਲਗਾਏ ਜਾਣਗੇ। ਸਿਬਿਨ ਸੀ ਨੇ ਕਿਹਾ ਕਿ ਇਸ ਵਾਰ ਚੋਣਾਂ ਨੂੰ ਹੋਰ ਸੁਚੱਜੇ ਢੰਗ ਨਾਲ ਨੇਪਰੇ ਚੜ੍ਹਾਉਣ ਲਈ ਨਵੇਕਲੀ ਜ਼ਿਲ੍ਹਾ ਸੂਚਨਾ ਪ੍ਰਣਾਲੀ (ਡੀ.ਆਈ.ਐਸ.ਈ.) ਨੂੰ ਸ਼ਾਮਲ ਕੀਤਾ ਗਿਆ ਏ। ਇਸ ਦੀ ਵਰਤੋਂ ਚੋਣਾਂ ਦੇ ਸਾਰੇ ਪਹਿਲੂਆਂ ਦਾ ਪ੍ਰਬੰਧਨ ਕਰਨ, ਪੋਲਿੰਗ ਸਟਾਫ ਦਾ ਡਾਟਾ ਇਕੱਠਾ ਕਰਨ ਤੋਂ ਲੈ ਕੇ ਰਿਹਰਸਲਾਂ ਦੀ ਸਮਾਂ-ਸਾਰਣੀ ਤੱਕ, ਪੋਲਿੰਗ ਸਟਾਫ ਦੀ ਰੈਂਡਮਾਈਜ਼ੇਸ਼ਨ ਅਤੇ ਗਿਣਤੀ ਕਰਨ ਲਈ ਕੀਤੀ ਜਾਵੇਗੀ।

ਉਨਾਂ ਕਿਹਾ ਕਿ ਇਸ ਆਧੁਨੀਕੀਕਰਨ ਦਾ ਉਦੇਸ਼ ਚੋਣਾਂ ਨੂੰ ਵਧੇਰੇ ਕੁਸ਼ਲ, ਪਾਰਦਰਸ਼ੀ ਅਤੇ ਸੁਰੱਖਿਅਤ ਬਣਾਉਣਾ ਏ।

---------------------------------------------------

ਮਸ਼ਹੂਰ ਅਭਿਨੇਤਰੀ ਅਤੇ ਹਿਮਾਚਲ ਪ੍ਰਦੇਸ਼ ਦੇ ਮੰਡੀ ਸੰਸਦੀ ਹਲਕੇ ਤੋਂ ਭਾਜਪਾ ਦੀ ਉਮੀਦਵਾਰ ਕੰਗਨਾ ਰਣੌਤ ਨੇ ਕਿਹਾ ਏ ਕਿ ਕਾਂਗਰਸ ਪਾਰਟੀ ਦੀ ਮਹਿਲਾ ਨੇਤਾ ਵੱਲੋਂ ਉਨ੍ਹਾਂ 'ਤੇ ਕੀਤੀ ਗਈ ਅਪਮਾਨਜਨਕ ਟਿੱਪਣੀ ਤੋਂ ਮੰਡੀ ਦੇ ਸਾਰੇ ਲੋਕ ਦੁਖੀ ਨੇ, ਖਾਸ ਕਰਕੇ ਜਦੋਂ ਮੰਡੀ ਨੂੰ ਮਿੰਨੀ ਕਾਸ਼ੀ ਮੰਨਿਆ ਜਾਂਦਾ ਏ। ਅੱਜ ਦਿੱਲੀ ਜਾਂਦੇ ਸਮੇਂ ਚੰਡੀਗੜ੍ਹ ਹਵਾਈ ਅੱਡੇ 'ਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਕਿਸੇ ਵੀ ਮਹਿਲਾ ਨਾਇਕ ਜਾਂ ਸੈਕਸ ਵਰਕਰ ਬਾਰੇ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਜਾਣੀ ਚਾਹੀਦੀ ਕਿਉਂਕਿ ਸਾਰੀਆਂ ਔਰਤਾਂ ਦੀ ਇੱਜ਼ਤ ਏ। ਉਨ੍ਹਾਂ ਕਿਹਾ ਕਿ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਜੇਪੀ ਨੱਡਾ ਨੇ ਉਨ੍ਹਾਂ ਨੂੰ ਅਗਲੇਰੀ ਕਾਰਵਾਈ ਲਈ ਦਿੱਲੀ ਬੁਲਾਇਆ ਏ ਅਤੇ ਉਹ ਇਸ ਤੋਂ ਬਾਅਦ ਹੀ ਅੱਗੇ ਗੱਲ ਕਰਨਗੇ ਕਿਉਂਕਿ ਉਹ ਭਾਜਪਾ ਦੇ

ਅਨੁਸ਼ਾਸਿਤ ਵਰਕਰ ਨੇ ਅਤੇ ਪਾਰਟੀ ਦੇ ਹੁਕਮਾਂ ਤੋਂ ਬਾਹਰ ਨਹੀਂ ਜਾ ਸਕਦੇ।

-----------------------------------------------------------

ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਕੌਮੀ ਤਿਉਹਾਰ ਹੋਲਾ ਮਹੱਲਾ ਦੀ ਅੱਜ ਰਵਾਇਤਾਂ ਅਨੁਸਾਰ ਸਮਾਪਤੀ ਹੋਈ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਵੱਖ ਵੱਖ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਬੁੱਢਾ ਦਲ, ਤਰਨਾ ਦਲ ਅਤੇ ਹੋਰਨਾਂ ਨਿਹੰਗ ਸਿੰਘ ਜਥੇਬੰਦੀਆਂ ਦੀ ਅਗਵਾਈ ਹੇਠ ਗੁਰਦੁਆਰਾ ਗੁਰੂ ਕਾ ਬਾਗ ਤੋਂ ਰਵਾਇਤਨ ਮਹੱਲਾ ਸਜਾਉਣ ਨਾਲ ਹੋਲਾ ਮਹੱਲਾ ਦੀ ਰਵਾਇਤਨ ਸਮਾਪਤੀ ਹੋਈ। ਇਸ ਵਿੱਚ ਨਿਹੰਗ ਸਿੰਘ ਜਥੇਬੰਦੀਆਂ ਦੇ ਨਾਲ ਨਾਲ ਹਾਥੀ , ਘੋੜਿਆਂ ਤੇ ਸਵਾਰ ਹੋ ਕੇ ਖਾਲਸਾਈ ਫੌਜਾਂ ਨੇ ਪੂਰੇ ਜਾਹੋ ਜਲਾਲ ਦੇ ਨਾਲ ਜੈਕਾਰੇ ਲਗਾਉਂਦੇ ਹੋਏ ਸ਼ਮੂਲੀਅਤ ਕੀਤੀ ਅਤੇ ਇੱਕ ਦੂਜੇ ਤੇ ਗੁਲਾਲ ਵੀ ਸੁਟਿਆ ਗਿਆ। ਇਹ ਮਹੱਲਾ ਕਿਲ੍ਹਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਅਤੇ ਕਿਲਾ ਫਤਹਿਗੜ੍ਹ ਸਾਹਿਬ ਹੁੰਦਾ ਹੋਇਆ ਚਰਣ

ਗੰਗਾ ਸਟੇਡੀਅਮ ਪਹੁੰਚਿਆ ਜਿੱਥੇ ਵੱਖ-ਵੱਖ ਨਿਹੰਗ ਸਿੰਘਾਂ ਵੱਲੋ ਖਾਲਸਾਈ ਖੇਡਾਂ ਅਤੇ ਰਵਾਇਤਾਂ ਅਤੇ ਜੰਗਜੂ ਕਰਤੱਵਾਂ ਦਾ ਪ੍ਰਦਰਸ਼ਨ ਕੀਤਾ ਗਿਆ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘੁਵੀਰ ਸਿੰਘ, ਸ਼੍ਰੋਮਣੀ ਗੁਰੂਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਤੇ ਤਖ਼ਤ ਸ਼੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਸਮੇਤ ਹੋਰ ਕਮੇਟੀ ਮੈਂਬਰ ਅਤੇ ਧਾਰਮਿਕ ਆਗੂ ਵੀ ਮੌਜੂਦ ਰਹੇ।

---------------------------------------------------

ਇਸ ਦੌਰਾਨ ਹੋਲਾ ਮਹੱਲਾ ਦੇ ਪਾਵਨ ਦਿਹਾੜੇ ਮੌਕੇ ਗੁਰੂ ਨਗਰੀ ਅੰਮ੍ਰਿਤਸਰ ਵਿਖੇ ਖ਼ਾਸ ਰੌਣਕਾਂ ਵੇਖਣ ਨੂੰ ਮਿਲੀਆਂ। ਅੱਜ ਬਾਅਦ ਦੁਪਹਿਰ ਸ੍ਰੀ ਅਕਾਲ ਤਖਤ ਸਾਹਿਬ ਤੋਂ ਪੰਜ ਪਿਆਰਿਆਂ ਦੀ ਅਗਵਾਈ ਹੇਠ ਰਵਾਇਤੀ ਨਗਰ ਕੀਰਤਨ ਸਜਾਇਆ ਗਿਆ। ਮਹਾਰਾਜਾ ਰਣਜੀਤ ਸਿੰਘ ਦੇ ਸਮੇਂ ਤੋਂ ਹਰ ਸਾਲ ਹੋਲਾ ਮਹੱਲਾ ਦੇ ਮੌਕੇ ਤੇ ਸ੍ਰੀ ਅਕਾਲ ਤਖਤ ਸਾਹਿਬ ਤੋਂ ਇਹ ਰਵਾਇਤੀ ਨਗਰ ਕੀਰਤਨ ਸਜਾਇਆ ਜਾਂਦਾ ਏ। ਇਸ ਨਗਰ ਕੀਰਤਨ ਵਿਚ ਸ਼ਬਦੀ ਧੁਨਾਂ ਵਜਾਉਂਦੀਆਂ ਬੈਂਡ

ਪਾਰਟੀਆਂ, ਸਿੱਖ ਮਾਰਸ਼ਲ ਆਰਟ ਦੇ ਹੈਰਤੰਗੇਜ ਕਰਤਬ ਦਿਖਾਉਂਦੀਆਂ ਗਤਕਾ ਪਾਰਟੀਆਂ, ਸ਼੍ਰੋਮਣੀ ਕਮੇਟੀ ਤੇ ਦਰਬਾਰ ਸਾਹਿਬ ਦਾ ਸਟਾਫ ਅਤੇ ਗੁਰੂ ਜਸ ਗਾਇਨ ਕਰਦੀਆਂ ਸੰਗਤਾਂ ਵੱਡੀ ਗਿਣਤੀ ਵਿਚ ਸ਼ਾਮਿਲ ਹੋਈਆਂ। ਇਹ ਨਗਰ ਕੀਰਤਨ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚੋਂ ਹੁੰਦਾ ਹੋਇਆ ਬੁਰਜ ਗੁਰੂਦੁਆਰਾ ਅਕਾਲੀ ਫੂਲਾ ਸਿੰਘ ਵਿਖੇ ਪੁੱਜਾ ਅਤੇ ਵਾਪਿਸ ਬਜਾਰਾਂ ਚੋਂ ਹੁੰਦਾ ਹੋਇਆ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੁੱਜ ਕੇ ਸੰਪਨ ਹੋਇਆ।

---------------------------------------------------------------

ਏਧਰ ਹੋਲੀ ਦੇ ਤਿਓਹਾਰ ਮੌਕੇ ਕਲ ਵੱਖ-ਵੱਖ ਜਥੇਬੰਦੀਆਂ ਵੱਲੋਂ ਧਾਰਮਿਕ ਸਮਾਗਮ ਵੀ ਕਰਵਾਏ ਗਏ। ਸ੍ਰੀ ਸਨਾਤਨ ਜਾਗਰਨ ਮੰਚ ਵੱਲੋਂ ਵੀ ਸ੍ਰੀ ਰਾਮ ਸਰਨਮ ਕਲੋਨੀ ਗੁਰਦਾਸਪੁਰ ਵਿਖੇ 'ਹੋਲੀ ਕੇ ਰੰਗ ਰਾਧਾ ਕ੍ਰਿਸ਼ਨ ਕੇ ਸੰਗ' ਸਮਾਗਮ ਦਾ ਆਯੋਜਿਤ ਕੀਤਾ ਗਿਆ ਜਿਸ ਦਾ ਸ਼ਰਧਾਲੂ ਦੇਰ ਰਾਤ ਤੱਕ ਆਨੰਦ ਮਾਣਦੇ ਰਹੇ। ਰਵੀ ਮਹਾਜਨ, ਨਿਕੁੰਜ ਮੋਹਨ ਅਤੇ ਵੈਸ਼ਨੋ ਦੇਵੀ ਸਰਾਇਨ ਬੋਰਡ ਦੇ ਸੇਵਾਦਾਰ ਪੰਕਜ ਵੱਲੋਂ ਗਾਏ ਗਏ ਹੋਲੀ ਅਤੇ ਸ੍ਰੀ ਰਾਧਾ ਕ੍ਰਿਸ਼ਨ ਦੇ ਭਜਨਾਂ ਤੇ ਸ਼ਰਧਾਲੂ ਜੰਮ ਕੇ

ਨੱਚੇ ਅਤੇ ਫੁੱਲਾਂ ਦੀ ਹੋਲੀ ਵੀ ਖੇਡੀ। ਪਵਨ ਸ਼ਰਮਾ ਅਤੇ ਸੋਹਨ ਲਾਲ ਨੇ ਦੱਸਿਆ ਕਿ ਸ੍ਰੀ ਸਨਾਤਨ ਜਾਗਰਨ ਮੰਚ ਦਾ ਉਦੇਸ਼ ਵੱਧ ਤੋਂ ਵੱਧ ਲੋਕਾਂ ਨੂੰ ਧਾਰਮਿਕ ਸੰਸਕ੍ਰਿਤੀ ਨਾਲ ਜੋੜਨਾ ਏ ਅਤੇ ਇਸ ਦੇ ਲਈ ਸੰਗਠਨ ਵੱਲੋਂ ਲਗਾਤਾਰ ਧਾਰਮਿਕ ਆਯੋਜਨ ਕਰਵਾਏ ਜਾ ਰਹੇ ਨੇ।

----------------------------------------------------------------

ਹੁਸ਼ਿਆਰਪੁਰ ਜ਼ਿਲੇ ਦੇ ਦਸੂਹਾ ਇਲਾਕੇ ਅਧੀਨ ਪਿੰਡ ਮੇਵਾ ਮਿਆਣੀ ਵਿਖੇ ਨਸ਼ਾ ਤਸਕਰਾਂ ਨੂੰ ਫੜਨ ਗਈ ਪੁਲਸ 'ਤੇ ਨਸ਼ਾ ਤਸਕਰਾਂ ਨੇ ਹਮਲਾ ਕਰ ਦਿੱਤਾ। ਪੁਲਿਸ ਦੀ ਜਵਾਬੀ ਕਾਰਵਾਈ ਵਿੱਚ ਇੱਕ ਨਸ਼ਾ ਤਸਕਰ ਮਾਰਿਆ ਗਿਆ ਜਦਕਿ ਦੋ ਪੁਲਿਸ ਮੁਲਾਜ਼ਮ ਵੀ ਜ਼ਖਮੀ ਹੋਏ ਨੇ। ਦੱਸਿਆ ਜਾਂਦਾ ਏ ਕਿ ਦਸੂਹਾ ਪੁਲਿਸ ਦੀ ਟੀਮ ਇਕ ਸੂਹ ਤੇ ਪਿੰਡ ਦੇ ਇਕ ਘਰ ਪਹੁੰਚੀ ਤਾਂ ਪੁਲਿਸ ਪਾਰਟੀ 'ਤੇ ਹਮਲਾ ਕਰ ਦਿੱਤਾ ਗਿਆ। ਜਿਸ ਵਿੱਚ ਏ ਐਸ ਆਈ ਸਤਨਾਮ ਸਿੰਘ ਅਤੇ ਇੱਕ ਹੋਰ ਪੁਲੀਸ ਮੁਲਾਜ਼ਮ ਗੰਭੀਰ ਜ਼ਖ਼ਮੀ ਹੋ ਗਏ। ਉਨਾਂ ਨੂੰ ਹਸਪਤਾਲ ਵਿਚ ਦਾਖ਼ਲ ਕਰਵਾਇਆ ਗਿਆ ਏ। ਘਟਨਾ ਤੋਂ ਬਾਅਦ ਜ਼ਿਲ੍ਹੇ ਦੇ ਸੀਨੀਅਰ ਪੁਲਿਸ ਅਧਿਕਾਰੀ ਮੌਕੇ 'ਤੇ ਪਹੁੰਚੇ।

---------------------------------------------------------

ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਆਲੂਆਂ ਦੀ ਫਸਲ ਤੇ 'ਰਾਊਂਡ ਅੱਪ' ਸਪਰੇਅ ਕਰਕੇ ਲੋਕਾਂ ਦੀ ਜ਼ਿੰਦਗੀ ਨਾਲ ਖਿਲਵਾੜ ਕਰਨ ਵਾਲੇ ਕਿਸਾਨਾਂ ਨੂੰ ਸਖਤ ਤਾੜਨਾ ਕਰਦਿਆਂ ਖੇਤੀਬਾੜੀ ਵਿਭਾਗ ਨੂੰ ਅਜਿਹੇ ਆਲੂ ਕਾਸ਼ਤਕਾਰਾਂ ਖਿਲਾਫ ਸਖਤੀ ਨਾਲ ਪੇਸ਼ ਆਉਣ ਦੇ ਹੁਕਮ ਜਾਰੀ ਕੀਤੇ ਨੇ। ਆਪਣੇ ਲਿਖਤੀ ਹੁਕਮਾਂ ਵਿੱਚ ਉਨ੍ਹਾਂ ਕਿਹਾ ਕਿ ਆਲੂ ਇੱਕ ਅਜਿਹੀ ਫਸਲ ਏ ਜਿਸ ਨੂੰ ਹਰ ਅਮੀਰ ਤੇ ਗਰੀਬ ਖਾਂਦਾ ਏ ਅਤੇ ਕਿਸਾਨਾਂ ਦੀ ਖੁਦ ਦੀ ਪਲੇਟ ਵਿੱਚ ਵੀ ਜਾਨਲੇਵਾ ਤੇ ਖਤਰਨਾਕ ਰਾਊਂਡ ਅੱਪ ਸਪਰੇਅ ਕੀਤੇ ਆਲੂ ਆ ਸਕਦੇ ਨੇ। ਵਿਨੀਤ ਕੁਮਾਰ ਨੇ ਕਿਹਾ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਏ ਕਿ ਕੁਝ ਕਿਸਾਨ ਆਲੂ ਦੇ ਤਨੇ ਨੂੰ ਲੇਬਰ ਤੋਂ ਕਢਵਾਉਣ ਦੀ ਬਜਾਏ ਇਸ ਤੇ ਰਾਊਂਡ ਅੱਪ ਕੈਮੀਕਲ ਦੀ ਸਪਰੇਅ ਕਰ ਰਹੇ ਨੇ ਜਿਹੜਾ ਕਿ ਆਲੂਆਂ ਦੇ ਪੱਤਿਆਂ ਦੇ ਨਾਲ ਨਾਲ ਹਰ ਛੋਟੋ ਮੋਟੇ ਘਾਹ ਨੂੰ ਵੀ ਸੁਕਾ ਦਿੰਦਾ ਏ। ਉਨ੍ਹਾਂ ਕਿਹਾ ਕਿ ਜਿਹੜੇ ਕਿਸਾਨ ਇਸ ਕੈਮੀਕਲ ਦੀ ਵਰਤੋਂ

ਕਰ ਰਹੇ ਨੇ ਉਨ੍ਹਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

---------------------------------------------------------

- ਭਾਰਤੀ ਜਨਤਾ ਪਾਰਟੀ ਪੰਜਾਬ ਦੇ ਪ੍ਰਧਾਨ ਸੁਨੀਲ ਜਾਖੜ ਨੇ ਲੋਕਸਭਾ ਚੋਣਾਂ ਵਿਚ ਇਕੱਲਿਆਂ ਹੀ ਨਿਤਰਨ ਦਾ ਕੀਤਾ ਐਲਾਨ।
- ਲੁਧਿਆਣਾ ਤੋਂ ਕਾਂਗਰਸ ਸਾਂਸਦ ਰਵਨੀਤ ਸਿੰਘ ਬਿੱਟੂ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਲ।
- ਪੰਜਾਬ ਦੇ ਮੁੱਖ ਚੋਣ ਦਫ਼ਤਰ ਨੇ ਚੋਣ ਪ੍ਰਕਿਰਿਆ ਹੋਰ ਕੁਸ਼ਲ ਤੇ ਪਾਰਦਰਸ਼ੀ ਬਣਾਉਣ ਲਈ ਸਾਰੇ 24,433 ਪੋਲਿੰਗ ਸਟੇਸ਼ਨਾਂ ’ਤੇ ਵੈਬਕਾਸਟਿੰਗ ਸਮੇਤ ਆਈ.ਟੀ. ਆਧਾਰਤ ਕਈ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ।
- ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੀ ਰਵਾਇਤਾਂ ਅਨੁਸਾਰ ਸਮਾਪਤੀ, ਗੁਰਦੁਆਰਾ ਗੁਰੂ ਕਾ ਬਾਗ ਤੋਂ ਰਵਾਇਤਨ ਮਹੱਲਾ ਸਜਾਇਆ ਗਿਆ।